# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੱਪੜਿਆਂ ਦੀ ਰਹਿੰਦ-ਖੂੰਹਦ ਦੀ ਚੁਣੌਤੀ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇਹ ਪੂਰੀ ਦੁਨੀਆ ਲਈ ਚਿੰਤਾ ਦਾ ਇੱਕ ਵੱਡਾ ਕਾਰਨ ਬਣ ਗਿਆ ਏ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ, ਸ਼੍ਰੀ ਮੋਦੀ ਨੇ ਚਿੰਤਾ ਪ੍ਰਗਟ ਕੀਤੀ ਕਿ ਸਿਰਫ ਇੱਕ ਫੀਸਦੀ ਤੋਂ ਵੀ ਘੱਟ ਕੱਪੜਾ ਰਹਿੰਦ-ਖੂੰਹਦ ਨੂੰ ਨਵੇਂ ਕੱਪੜਿਆਂ ਵਿੱਚ ਮੁੜ ਤੋਂ ਵਰਤਿਆ ਜਾਂਦਾ ਏ। ਉਨ੍ਹਾਂ ਕਿਹਾ, ਭਾਰਤ ਦੁਨੀਆ ਦਾ ਤੀਜਾ ਦੇਸ਼ ਏ ਜਿੱਥੇ ਸਭ ਤੋਂ ਵੱਧ ਕੱਪੜਿਆਂ ਦੀ ਰਹਿੰਦ-ਖੂੰਹਦ ਪੈਦਾ ਹੁੰਦੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪੁਰਾਣੇ ਕੱਪੜਿਆਂ ਨੂੰ ਜਲਦੀ ਤੋਂ ਜਲਦੀ ਲਾਹ ਕੇ ਨਵੇਂ ਖਰੀਦਣ ਦਾ ਰੁਝਾਨ ਦੁਨੀਆ ਭਰ ਵਿੱਚ ਵੱਧ ਰਿਹਾ ਏ , ਜਿਸ ਕਾਰਨ ਕੱਪੜਾ ਰਹਿੰਦ-ਖੂੰਹਦ ਵਧ ਰਹੀ ਏ

। ਹਾਲਾਂਕਿ, ਉਨ੍ਹਾਂ ਨੇ ਕਿਹਾ ਕਿ ਇਸ ਚੁਣੌਤੀ ਨਾਲ ਨਜਿੱਠਣ ਲਈ ਭਾਰਤ ਵਿੱਚ ਬਹੁਤ ਸਾਰੇ ਸ਼ਲਾਘਾਯੋਗ ਯਤਨ ਕੀਤੇ ਜਾ ਰਹੇ ਨੇ ।

**BYTE**

ਪ੍ਰਧਾਨ ਮੰਤਰੀ ਮੋਦੀ ਨੇ ਦੇਖਿਆ ਕਿ ਕੁਝ ਸ਼ਹਿਰ ਕੱਪੜਿਆਂ ਦੀ ਰਹਿੰਦ-ਖੂੰਹਦ ਨਾਲ ਨਜਿੱਠਣ ਵਿੱਚ ਆਪਣੇ ਲਈ ਇੱਕ ਨਵੀਂ ਪਛਾਣ ਵੀ ਬਣਾ ਰਹੇ ਨੇ । ਉਨ੍ਹਾਂ ਹਰਿਆਣਾ ਦੇ ਪਾਣੀਪਤ ਦੀ ਮਿਸਾਲ ਦਿੱਤੀ, ਜੋ ਇੱਕ ਆਲਮੀ ਕੇਂਦਰ ਵਜੋਂ ਉੱਭਰ ਰਿਹਾ ਏ । ਪਾਣੀ ਦੀ ਸੰਭਾਲ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ, ਜਿਵੇਂ ਹੀ ਗਰਮੀਆਂ ਆਉਂਦੀਆਂ ਨੇ ਬਹੁਤ ਸਾਰੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਪਾਣੀ ਬਚਾਉਣ ਦੀਆਂ ਤਿਆਰੀਆਂ ਸ਼ੁਰੂ ਹੋ ਜਾਂਦੀਆਂ ਹਨ। ਉਨ੍ਹਾਂ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਕਈ ਸੂਬਿਆਂ  ਵਿੱਚ ਪਾਣੀ ਦੀ ਸੰਭਾਲ ਅਤੇ ਪਾਣੀ ਦੀ ਸੰਭਾਲ ਨਾਲ ਸਬੰਧਤ ਕੰਮਾਂ ਨੇ ਨਵੀਂ ਗਤੀ ਪ੍ਰਾਪਤ ਕੀਤੀ ਏ । ਉਨ੍ਹਾਂ ਕਿਹਾ ਕਿ ਜਲ ਸ਼ਕਤੀ ਮੰਤਰਾਲਾ ਅਤੇ ਕਈ ਗੈਰ-ਸਰਕਾਰੀ ਸੰਗਠਨ ਇਸ ਦਿਸ਼ਾ ਵਿੱਚ ਕੰਮ ਕਰ ਰਹੇ ਨੇ ।

ਸ਼੍ਰੀ ਮੋਦੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ 'ਕੈਚ ਦ

ਰੇਨ' ਮੁਹਿੰਮ ਲਈ ਜੰਗੀ ਪੱਧਰ 'ਤੇ ਤਿਆਰੀਆਂ ਕੀਤੀਆਂ ਗਈਆਂ ਨੇ। ਉਨ੍ਹਾਂ ਅੱਗੇ ਕਿਹਾ ਕਿ ਜਲ ਸੰਚਯ-ਜਨ ਭਾਗੀਦਾਰੀ ਅਭਿਆਨ ਵੀ ਵੱਧ ਤੋਂ ਵੱਧ ਲੋਕਾਂ ਨੂੰ ਪਾਣੀ ਦੀ ਸੰਭਾਲ ਨਾਲ ਜੋੜਨ ਲਈ ਚਲਾਇਆ ਜਾ ਰਿਹਾ ਏ।

**BYTE**

ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਇੱਕ ਸ਼ੌਕ ਅਪਣਾਉਣ ਅਤੇ ਰਚਨਾਤਮਕ ਕੰਮ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਮਾਂ ਇੱਕ ਨਵਾਂ ਸ਼ੌਕ ਪੈਦਾ ਕਰਨ ਅਤੇ ਹੁਨਰਾਂ ਨੂੰ ਨਿਖਾਰਨ ਦਾ ਏ। ਸ਼੍ਰੀ ਮੋਦੀ ਨੇ ਗਰਮੀਆਂ ਦੀਆਂ ਅਜਿਹੀਆਂ ਗਤੀਵਿਧੀਆਂ ਦਾ ਆਯੋਜਨ ਕਰਨ ਵਾਲੀਆਂ ਸੰਸਥਾਵਾਂ, ਸਕੂਲਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਹੈਸ਼ਟੈਗ - ਮਾਈ-ਹੌਲੀਡੇਜ਼ ਨਾਲ ਆਪਣੇ ਪ੍ਰੋਗਰਾਮ ਸਾਂਝੇ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਨਾਲ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਆਸਾਨੀ ਨਾਲ ਜਾਣਕਾਰੀ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ। ਪ੍ਰਧਾਨ ਮੰਤਰੀ ਮੋਦੀ ਨੇ ਨੌਜਵਾਨ ਸਰੋਤਿਆਂ ਨੂੰ ਮਾਈ-ਭਾਰਤ ਦੇ ਵਿਸ਼ੇਸ਼ ਕੈਲੰਡਰ ਬਾਰੇ ਵੀ

ਜਾਣਕਾਰੀ ਦਿੱਤੀ, ਜੋ ਇਸ ਗਰਮੀਆਂ ਦੀਆਂ ਛੁੱਟੀਆਂ ਲਈ ਤਿਆਰ ਕੀਤਾ ਗਿਆ ਏ । ਹਾਲ ਹੀ ਵਿੱਚ ਸਮਾਪਤ ਹੋਈਆਂ ਖੇਲੋ ਇੰਡੀਆ ਪੈਰਾ ਖੇਡਾਂ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਖਿਡਾਰੀਆਂ ਦੀ ਉਨ੍ਹਾਂ ਦੇ ਸਮਰਪਣ ਅਤੇ ਪ੍ਰਤਿਭਾ ਦੀ ਸ਼ਲਾਘਾ ਕੀਤੀ। ਸ਼੍ਰੀ ਮੋਦੀ ਨੇ ਖੇਲੋ ਇੰਡੀਆ ਪੈਰਾ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਸਾਰੇ ਖਿਡਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਵਧਾਈ ਦਿੱਤੀ। ਤੰਦਰੁਸਤੀ ਦੇ ਵਿਸ਼ੇ 'ਤੇ, ਸ਼੍ਰੀ ਮੋਦੀ ਨੇ ਕਿਹਾ ਕਿ ਇਨ੍ਹੀਂ ਦਿਨੀਂ ਗਿਣਤੀ ਵੀ ਇੱਕ ਵੱਡੀ ਭੂਮਿਕਾ ਨਿਭਾ ਰਹੀ ਏ , ਭਾਵੇਂ ਉਹ ਕਦਮਾਂ ਦੀ ਗਿਣਤੀ ਹੋਵੇ ਜਾਂ ਕੈਲੋਰੀ ਦੀ ਗਿਣਤੀ ।

ਉਨ੍ਹਾਂ ਲੋਕਾਂ ਨੂੰ ਯੋਗ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਾਲ ਅੰਤਰਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ 'ਇੱਕ ਧਰਤੀ, ਇੱਕ ਸਿਹਤ ਲਈ ਯੋਗ' ਏ । ਸ਼੍ਰੀ ਮੋਦੀ ਨੇ ਅੱਜ ਤੋਂ ਸ਼ੁਰੂ ਹੋਏ ਨਰਾਤਿਆਂ ਦੇ ਮੌਕੇ 'ਤੇ ਪੂਰੇ ਦੇਸ਼ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ। ਭਾਰਤੀ ਨਵਾਂ ਸਾਲ ਵੀ ਅੱਜ ਤੋਂ ਸ਼ੁਰੂ ਹੋ ਰਿਹਾ ਏ ।

ਪ੍ਰਧਾਨ ਮੰਤਰੀ ਨੇ ਕਿਹਾ, ਅਗਲੇ ਕੁਝ ਦਿਨਾਂ ਦੌਰਾਨ, ਈਦ, ਅਸਾਮ ਵਿੱਚ ਰੋਂਗਲੀ ਬਿਹੂ, ਬੰਗਾਲ ਵਿੱਚ ਪੋਇਲਾ ਬੋਸ਼ਾਖ ਅਤੇ ਕਸ਼ਮੀਰ ਵਿੱਚ

ਨਵਰੇਹ ਸਮੇਤ ਵੱਖ-ਵੱਖ ਤਿਉਹਾਰ ਮਨਾਏ ਜਾਣਗੇ। ਉਨ੍ਹਾਂ ਨੇ ਦੇਸ਼ ਦੇ ਲੋਕਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਤਿਉਹਾਰ ਦਿਖਾਉਂਦੇ ਨੇ ਕਿ ਭਾਰਤ ਦੀ ਵੰਨਸੁਵੰਨਤਾ ਵਿੱਚ ਏਕਤਾ ਕਿਵੇਂ ਬੁਣੀ ਹੋਈ ਏ।

------------------------------------------------------------

ਦੇਸ਼ ਭਰ ਦੇ ਮੰਦਰਾਂ ਵਿੱਚ ਅੱਜ ਨੌ ਦਿਨਾਂ ਚੇਤ ਦੇ ਨਰਾਤਿਆਂ ਦਾ ਤਿਉਹਾਰ ਸ਼ੁਰੂ ਹੋ ਗਿਆ। ਇਹ ਤਿਉਹਾਰ ਦੇਵੀ ਦੁਰਗਾ ਦੇ ਨੌਂ ਅਵਤਾਰਾਂ ਦੀ ਪੂਜਾ ਨੂੰ ਸਮਰਪਿਤ ਏ। ਇਹ ਨੌ ਦਿਨਾਂ ਦਾ ਤਿਉਹਾਰ ਭਗਵਾਨ ਰਾਮ ਦੇ ਜਨਮ ਦਿਨ ਰਾਮ ਨੌਮੀ ਦੇ ਦਿਨ ਸੰਪੂਰਨ ਹੁੰਦਾ ਏ। ਏਧਰ ਜਲੰਧਰ ਦੇ ਦੇਵੀ ਤਲਾਅ ਮੰਦਰ, ਅੰਮ੍ਰਿਤਸਰ ਦੇ ਦੁਰਗਿਆਣਾ ਮੰਦਰ ਅਤੇ ਬਟਾਲਾ ਦੇ ਇਤਿਹਾਸਿਕ ਮੰਦਰ ਕਾਲੀ ਦਵਾਰੇ ਸਮੇਤ ਸੂਬੇ ਭਰ ਵਿਚ ਸਵੇਰ ਤੋਂ ਸ਼ਰਧਾਲੂ ਮੰਦਰਾਂ 'ਚ ਨਤਮਸਤਕ ਹੋ ਰਹੇ ਨੇ। ਆਕਾਸ਼ਵਾਣੀ ਦਾ ਅਰਾਧਨਾ ਯੂਟਿਊਬ ਚੈਨਲ ਅੱਜ ਤੋਂ 6 ਅਪ੍ਰੈਲ ਤੱਕ ਨਵਰਾਤਰੀ ਲਈ ਵਿਸ਼ੇਸ਼ ਪ੍ਰੋਗਰਾਮਾਂ ਦੀ ਇੱਕ ਲੜੀ ਪੇਸ਼ ਕਰ ਰਿਹਾ ਏ

। ਚੈਨਲ ਦੇਸ਼ ਭਰ ਵਿੱਚ ਵੱਖ-ਵੱਖ ਸ਼ਕਤੀ ਪੀਠਾਂ 'ਤੇ ਵਿਸ਼ੇਸ਼ ਫੀਚਰ ਵੀ ਪੇਸ਼ ਕਰੇਗਾ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਸੀਨੀਅਰ ਆਈ.ਏ.ਐਸ. ਅਤੇ ਆਈ.ਪੀ.ਐਸ. ਅਧਿਕਾਰੀ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਰਾਹ ਦਸੇਰੇ ਬਣਨਗੇ ਤਾਂ ਕਿ ਜੀਵਨ ਵਿੱਚ ਬੁਲੰਦੀਆਂ ਛੂਹਣ ਲਈ ਉਨ੍ਹਾਂ ਦਾ ਮਾਰਗ-ਦਰਸ਼ਨ ਕੀਤਾ ਜਾ ਸਕੇ। ਕੱਲ ਮਾਪੇ-ਅਧਿਆਪਕ ਮਿਲਣੀ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਰੇ ਆਈ.ਏ.ਐਸ. ਅਤੇ ਆਈ.ਪੀ.ਐਸ. ਅਧਿਕਾਰੀ ਸੂਬੇ ਦੇ ਇਕ-ਇਕ ਸਰਕਾਰੀ ਸਕੂਲ ਦਾ ਮਾਰਗ ਦਰਸਨ ਕਰਨਗੇ ਅਤੇ ਉਥੋਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਗੱਲਬਾਤ ਰਾਹੀਂ ਸਿੱਖਿਆ ਦੇ ਮਾਹੌਲ ਨੂੰ ਹੋਰ ਸਾਜਗਾਰ ਬਣਾਉਣਗੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਅਧਿਕਾਰੀ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨਗੇ ਅਤੇ ਅਧਿਆਪਕਾਂ ਨੂੰ ਉਨ੍ਹਾਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਲੋੜੀਂਦੀ

ਸਿਖਲਾਈ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਇਹ ਕੰਮ ਸਵੈ-ਇੱਛਤ ਸੇਵਾ ਹੋਵੇਗਾ ਅਤੇ ਇਸ ਵਿੱਚ ਦਿਲਚਸਪੀ ਰੱਖਣ ਵਾਲੇ ਅਧਿਕਾਰੀਆਂ ਨੂੰ ਆਪਣੀਆਂ ਪਹਿਲਾਂ ਤੋਂ ਨਿਰਧਾਰਤ ਡਿਊਟੀਆਂ ਦੇ ਨਾਲ-ਨਾਲ ਇਸ ਨੂੰ ਨਿਭਾਉਣਾ ਹੋਵੇਗਾ।

---------------------------------------------------

ਬੈਂਗਲੁਰੂ ਵਿੱਚ ਪਹਿਲੇ ਇੰਡੀਅਨ ਗ੍ਰਾਂ ਪ੍ਰੀ ਵਿੱਚ ਜਲੰਧਰ ਦੇ ਗੁਰਿੰਦਰਵੀਰ ਸਿੰਘ ਨੇ 100 ਮੀਟਰ ਫ੍ਰੀ-ਸਟਾਈਲ ਦੌੜ ਵਿੱਚ 10.20 ਸੈਕਿੰਡ ਦੇ ਸਮੇਂ ਨਾਲ ਨਵਾਂ ਰਾਸ਼ਟਰੀ ਰਿਕਾਰਡ ਬਣਾ ਕੇ ਸੋਨ ਤਗਮਾ ਜਿੱਤਿਆ। ਇਸ ਜਿੱਤ ਨਾਲ ਉਸ ਨੇ ਏਸ਼ਿਆਈ ਚੈਂਪੀਅਨਸ਼ਿਪ ਲਈ ਵੀ ਕੁਆਲੀਫਾਈ ਕਰ ਲਿਆ ਏ । ਪੰਜਾਬ ਇੰਸਟੀਚਿਊਟ ਆਫ ਸਪੋਰਟਸ, ਜਲੰਧਰ ਵਿਖੇ ਸਰਬਜੀਤ ਸਿੰਘ ਦੇ ਕੋਚ ਗੁਰਿੰਦਰਵੀਰ ਸਿੰਘ ਨੇ ਫਾਈਨਲ ਦੌੜ ਵਿੱਚ ਦੋਵੇਂ ਸਾਬਕਾ ਰਾਸ਼ਟਰੀ ਰਿਕਾਰਡ ਧਾਰਕਾਂ ਮਣੀਕਾਂਤ ਅਤੇ ਇਮ-ਲਾਨ ਬੋਰ-ਗਨ ਨੂੰ ਹਰਾਇਆ। ਇਸ ਦੇ ਨਾਲ, ਉਹ ਭਾਰਤ ਦੇ ਇਤਿਹਾਸ ਵਿੱਚ ਸਭ ਤੋਂ ਤੇਜ਼ ਦੌੜਾਕ ਅਤੇ ਦੁਨੀਆ ਵਿੱਚ ਸਭ ਤੋਂ ਤੇਜ਼ ਸਿੱਖ ਦੌੜਾਕ ਬਣ ਗਏ ਨੇ । ਡਿਪਟੀ ਕਮਿਸ਼ਨਰ

ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਸਰਕਾਰ ਵੱਲੋਂ ਗੁਰਿੰਦਰਵੀਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਸਮੇਤ ਖੇਡ ਪ੍ਰੇਮੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੇ ਇਸ ਖਿਡਾਰੀ ਦਾ ਜਲੰਧਰ ਪਹੁੰਚਣ 'ਤੇ ਪੂਰਾ ਸਵਾਗਤ ਅਤੇ ਸਨਮਾਨ ਕੀਤਾ ਜਾਵੇਗਾ।